ਤਿਲੰਗ ਮਹਲਾ ੫ ਘਰੁ ੩ ॥ ਕਰਤੇ ਕੁਦਰਤੀ ਮੁਸਤਾਕੁ ॥ ਦੀਨ ਦੁਨੀਆ ਏਕ ਤੂਹੀ ਸਭ ਖਲਕ ਹੀ ਤੇ ਪਾਕੁ ॥ ਰਹਾਉ ॥ ਖਿਨ ਮਾਹਿ ਥਾਪਿ ਉਥਾਪਦਾ ਆਚਰਜ ਤੇਰੇ ਰੂਪ ॥ ਕਉਣੁ ਜਾਣੈ ਚਲਤ ਤੇਰੇ ਅੰਧਿਆਰੇ ਮਹਿ ਦੀਪ ॥ ੧॥ ਖੁਦਿ ਖਸਮ ਖਲਕ ਜਹਾਨ ਅਲਹ ਮਿਹਰਵਾਨ ਖੁਦਾਇ ॥ ਦਿਨਸੁ ਰੈਣਿ ਜਿ ਤੁਧੁ ਅਰਾਧੇ ਸੋ ਕਿਉ ਦੋਜਕਿ ਜਾਇ ॥੨॥ ਅਜਰਾਈਲੁ ਯਾਰੁ ਬੰਦੇ ਜਿਸੁ ਤੇਰਾ ਆਧਾਰੁ ॥ ਗੁਨਹ ਉਸ ਕੇ ਸਗਲ ਆਫੂ ਤੇਰੇ ਜਨ ਦੇਖਹਿ ਦੀਦਾਰੁ ॥੩॥ ਦੁਨੀਆ ਚੀਜ ਫਿਲਹਾਲ ਸਗਲੇ ਸਚੁ ਸੁਖੁ ਤੇਰਾ ਨਾਉ ॥ ਗੁਰ ਮਿਲਿ ਨਾਨਕ ਬੂਝਿਆ ਸਦਾ ਏਕਸੁ ਗਾਉ ॥੪॥੪॥ {ਪੰਨਾ 724}

ਪਦਅਰਥ:- ਕਰਤੇ—ਹੇ ਕਰਤਾਰ! ਕੁਦਰਤੀ—ਕੁਦਰਤਿ ਦੀ ਰਾਹੀਂ, ਤੇਰੀ ਕੁਦਰਤਿ ਵੇਖ ਕੇ। ਮੁਸਤਾਕੁ—ਮੁਸ਼ਤਾਕ, (ਤੇਰੇ ਦਰਸਨ ਦਾ) ਚਾਹਵਾਨ। ਤੇ—ਤੋਂ, ਨਾਲੋਂ। ਪਾਕੁ—ਨਿਰਲੇਪ। ਰਹਾਉ।

ਮਾਹਿ—ਵਿਚ। ਥਾਪਿ—ਬਣਾ ਕੇ, ਪੈਦਾ ਕਰ ਕੇ। ਉਥਾਪਦਾ—ਨਾਸ ਕਰ ਦੇਂਦਾ ਹੈਂ। ਆਚਰਜ—ਹੈਰਾਨ ਕਰ ਦੇਣ ਵਾਲੇ। ਚਲਤ—ਕੌਤਕ। ਦੀਪ—ਦੀਵਾ, ਚਾਨਣ।1।

ਖੁਦਿ—ਖ਼ੁਦਿ, ਆਪ। ਅਲਹ—ਹੇ ਅੱਲਾ! ਹੇ ਪਰਮਾਤਮਾ! ਜਹਾਨ—ਦੁਨੀਆ। ਖੁਦਾਇ—ਖ਼ੁਦਾਇ, ਪਰਮਾਤਮਾ। ਰੈਣਿ—ਰਾਤ। ਜਿ—ਜੇਹੜਾ। ਤੁਧੁ—ਤੈਨੂੰ। ਦੋਜਕਿ—ਦੋਜ਼ਕ ਵਿਚ।2।

ਅਜਰਾਈਲੁ—ਅਜ਼ਰਾਈਲ, ਮੌਤ ਦਾ ਫ਼ਰਿਸ਼ਤਾ। ਆਧਾਰੁ—ਆਸਰਾ। ਗੁਨਹ—ਗੁਨਾਹ, ਪਾਪ। ਸਗਲ—ਸਾਰੇ। ਆਫੂ—ਅਫ਼ਵ, ਬਖ਼ਸ਼ੇ ਜਾਂਦੇ ਹਨ। ਤੇਰੇ ਜਨ—ਤੇਰੇ ਦਾਸ। ਦੇਖਹਿ—ਵੇਖਦੇ ਹਨ।3।

ਦੁਨੀਆ ਚੀਜ—ਦੁਨੀਆ ਦੇ ਸਾਰੇ ਪਦਾਰਥ। ਫਿਲਹਾਲ—ਫ਼ਿਲ ਹਾਲ, ਹੁਣੇ ਹੁਣੇ ਵਾਸਤੇ, ਛਿਨ-ਭੰਗਰ, ਛੇਤੀ ਨਾਸ ਹੋ ਜਾਣ ਵਾਲੇ। ਸਚੁ—ਸਦਾ ਕਾਇਮ ਰਹਿਣ ਵਾਲਾ। ਗੁਰ ਮਿਲਿ—ਗੁਰੂ ਨੂੰ ਮਿਲ ਕੇ। ਏਕਸੁ—ਇੱਕ ਨੂੰ ਹੀ। ਗਾਉ—ਗਾਉਂ, ਮੈਂ ਗਾਂਦਾ ਹਾਂ।4।

ਅਰਥ:- ਹੇ ਕਰਤਾਰ! ਤੇਰੀ ਕੁਦਰਤਿ ਨੂੰ ਵੇਖ ਕੇ ਮੈਂ ਤੇਰੇ ਦਰਸਨ ਦਾ ਚਾਹਵਾਨ ਹੋ ਗਿਆ ਹਾਂ। ਮੇਰੀ ਦੀਨ ਅਤੇ ਦੁਨੀਆ ਦੀ ਦੌਲਤ ਇਕ ਤੂੰ ਹੀ ਹੈਂ। ਤੂੰ ਸਾਰੀ ਖ਼ਲਕਤ ਤੋਂ ਨਿਰਲੇਪ ਰਹਿੰਦਾ ਹੈਂ। ਰਹਾਉ।

ਹੇ ਕਰਤਾਰ! ਤੂੰ ਇਕ ਛਿਨ ਵਿਚ (ਜੀਵਾਂ ਨੂੰ) ਬਣਾ ਕੇ ਨਾਸ ਭੀ ਕਰ ਦੇਂਦਾ ਹੈਂ ਤੇਰੇ ਸੁਰਪ ਹੈਰਾਨ ਕਰਨ ਵਾਲੇ ਹਨ। ਕੋਈ ਜੀਵ ਤੇਰੇ ਕੌਤਕਾਂ ਨੂੰ ਸਮਝ ਨਹੀਂ ਸਕਦਾ। (ਅਗਿਆਨਤਾ ਦੇ) ਹਨੇਰੇ ਵਿਚ (ਤੂੰ ਆਪ ਹੀ ਜੀਵਾਂ ਵਾਸਤੇ) ਚਾਨਣ ਹੈਂ।1।

ਹੇ ਅੱਲਾ! ਹੇ ਮਿਹਰਬਾਨ ਖ਼ੁਦਾਇ! ਸਾਰੀ ਖ਼ਲਕਤ ਦਾ ਸਾਰੇ ਜਹਾਨ ਦਾ ਤੂੰ ਆਪ ਹੀ ਮਾਲਕ ਹੈਂ। ਜੇਹੜਾ ਮਨੁੱਖ ਦਿਨ ਰਾਤ ਤੈਨੂੰ ਆਰਾਧਦਾ ਹੈ, ਉਹ ਦੋਜ਼ਕ ਵਿਚ ਕਿਵੇਂ ਜਾ ਸਕਦਾ ਹੈ?।2।

ਹੇ ਪ੍ਰਭੂ! ਜਿਸ ਮਨੁੱਖ ਨੂੰ ਤੇਰਾ ਆਸਰਾ ਮਿਲ ਜਾਂਦਾ ਹੈ, ਮੌਤ ਦਾ ਫ਼ਰਿਸ਼ਤਾ ਉਸ ਮਨੁੱਖ ਦਾ ਮਿੱਤਰ ਬਣ ਜਾਂਦਾ ਹੈ (ਉਸ ਨੂੰ ਮੌਤ ਦਾ ਡਰ ਨਹੀਂ ਰਹਿੰਦਾ) (ਕਿਉਂਕਿ) ਉਸ ਮਨੁੱਖ ਦੇ ਸਾਰੇ ਪਾਪ ਬਖ਼ਸ਼ੇ ਜਾਂਦੇ ਹਨ।3।

ਹੇ ਪ੍ਰਭੂ! ਦੁਨੀਆ ਦੇ (ਹੋਰ) ਸਾਰੇ ਪਦਾਰਥ ਛੇਤੀ ਨਾਸ ਹੋ ਜਾਣ ਵਾਲੇ ਹਨ। ਸਦਾ ਕਾਇਮ ਰਹਿਣ ਵਾਲਾ ਸੁਖ ਤੇਰਾ ਨਾਮ (ਹੀ ਬਖ਼ਸ਼ਦਾ ਹੈ)। ਹੇ ਨਾਨਕ! ਆਖ—ਇਹ ਗੱਲ (ਮੈਂ ਗੁਰੂ ਨੂੰ ਮਿਲ ਕੇ ਸਮਝੀ ਹੈ, ਇਸ ਵਾਸਤੇ) ਮੈਂ ਸਦਾ ਇਕ ਪਰਮਾਤਮਾ ਦਾ ਹੀ ਜਸ ਗਾਂਦਾ ਰਹਿੰਦਾ ਹਾਂ।4। 4।